# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ ਪੰਜਾਬੀ

## 18:20

**ਮਿਤੀ : 20-10-2026**

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਮਾਨਸਾ, ਗੁਰਦਾਸਪੁਰ ਤੇ ਸੰਗਰੂਰ ‘ਚ ਨਸ਼ਿਆਂ ਖਿਲਾਫ਼ ਆਵਾਜ਼ ਉਠਾਉਣ ਕਾਰਨ, ਆਪਣੀ ਜਾਨ ਗੁਆਉਣ ਵਾਲੇ ਲੋਕਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ. ਓਹਨਾਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਸਰਕਾਰ 'ਤੇ ਨਸ਼ਾ ਤਸਕਰਾਂ ਨੂੰ ਬਚਾਉਣ ਦਾ ਇਲਜ਼ਾਮ ਲਾਇਆ.
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪਰਵਿੰਦਰ ਸਿੰਘ ਝੋਟਾ ਦੇ ਕਤਲ ਕੇਸ ਨੂੰ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਨੂੰ ਸੌਂਪਣ ਦਾ ਐਲਾਨ ਕੀਤਾ ਏ।
- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹੈ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਅਤੇ ਆਪਣੀ ਊਰਜਾ ਨੂੰ ਉਸਾਰੂ ਦਿਸ਼ਾ ਵਿੱਚ ਲਾਉਣ ਲਈ ਪ੍ਰੇਰਿਤ ਕਰਨਾ ਚਾਹੀਦਾ ਏ.
- ਦੁਸ਼ਿਹਰੇ ਦਾ ਤਿਓਹਾਰ, ਅੱਜ ਪੰਜਾਬ ਸਮੇਤ ਦੇਸ਼ ਭਰ ਵਿੱਚ ਬੇਹਦ ਉਤਸ਼ਾਹ ਨਾਲ ਮਨਾਏ ਜਾ ਰਹੇ ਨੇ.

- ਔਰਤਾਂ ਦੇ ਕ੍ਰਿਕੇਟ ਵਿਚ ਭਾਰਤ ਅਤੇ ਜ਼ਿੰਬਾਬਵੇ ਦਰਮਿਆਨ ਤੀਜਾ ਅਤੇ ਆਖਰੀ twenty -20 ਅੰਤਰਰਾਸ਼ਟਰੀ ਮੈਚ ਅੱਜ ਰਾਏਪੁਰ ਵਿਖੇ ਖੇਡਿਆ ਜਾ ਰਿਹਾ ਏ.

------------------------------------------------------------------------

ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਦੇ ਮਾਨਸਾ ਅਤੇ ਗੁਰਦਾਸਪੁਰ ਵਿੱਚ ਨਸ਼ਿਆਂ ਦੇ ਖਤਰੇ ਵਿਰੁੱਧ ਆਵਾਜ਼ ਬੁਲੰਦ ਕਰਨ ਕਰਕੇ ਮਾਰੇ ਗਏ ਲੋਕਾਂ ਦੇ ਪਰਿਵਾਰਕ ਮੈਂਬਰਾਂ ਨਾਲ ਅੱਜ ਮੁਲਾਕਾਤ ਕੀਤੀ. ਆਪਣੇ ਇੱਕ ਦਿਨ ਦੇ ਦੌਰੇ ਦੌਰਾਨ, ਉਹ ਗੁਲਜ਼ਾਰ ਸਿੰਘ ਦੇ ਪਰਿਵਾਰ ਨਾਲ ਵੀ ਮਿਲੇ, ਜਿਹਨਾਂ ਨੇ ਕਥਿਤ ਤੌਰ 'ਤੇ ਉਦੋਂ ਖੁਦਕੁਸ਼ੀ ਕਰ ਲਈ ਸੀ ਜਦੋਂ ਸੂਬਾ ਸਰਕਾਰ ਵੱਲੋਂ ਨਸ਼ਿਆਂ ਦੀ ਵਿਕਰੀ ਵਿਰੁੱਧ ਓਹਨਾਂ ਦੀਆਂ ਅਪੀਲਾਂ ਨਹੀਂ ਸੁਣੀਆਂ ਗਈਆਂ, ਜਿਸ ਕਾਰਨ ਓਹਨਾਂ  ਦਾ ਪੁੱਤਰ ਨਸ਼ੇ ਦਾ ਆਦੀ ਹੋ ਗਿਆ ਸੀ। ਬਾਅਦ ਵਿੱਚ, ਲੁਧਿਆਣਾ ਵਿੱਚ ਮੀਡੀਆ ਨੂੰ ਸੰਬੋਧਨ ਕਰਦਿਆਂ, ਗ੍ਰਿਹ ਮੰਤਰੀ ਨੇ ਕਿਹਾ ਕਿ ਇਹਨਾਂ ਮ੍ਰਿਤਕਾਂ ਦੇ ਪਰਿਵਾਰਕ ਮੈਂਬਰਾਂ ਦੀ ਸਥਿਤੀ ਨੇ ਉਨ੍ਹਾਂ ਨੂੰ ਝਜੋੜ  ਕੇ ਰੱਖ ਦਿੱਤਾ ਏ । ਉਨ੍ਹਾਂ ਨੇ ਪੰਜਾਬ ਵਿੱਚ ਆਮ ਆਦਮੀ ਪਾਰਟੀ

ਸਰਕਾਰ 'ਤੇ ਨਸ਼ਾ ਤਸਕਰਾਂ ਨੂੰ ਬਚਾਉਣ ਦਾ ਇਲ੍ਜ਼ਾਮ ਲਾਇਆ. ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਨੂੰ ਬਚਾਉਣ ਲਈ ਗਿਰੋਹ ਜ਼ਿਲ੍ਹਿਆਂ ਵਿੱਚ ਕੰਮ ਕਰ ਰਹੇ ਨੇ. ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਿਹਾ ਕਿ ਉਹ ਹੋਰ ਦੋ ਮਾਮਲਿਆਂ ਨੂੰ ਵੀ ਨਹੀਂ ਸੰਭਾਲ ਸਕਣਗੇ ਅਤੇ ਉਨ੍ਹਾਂ ਨੂੰ ਸੀ.ਬੀ.ਆਈ ਦੇ ਹਵਾਲੇ ਕਰ ਦੇਣਗੇ। ਉਨ੍ਹਾਂ ਪੰਜਾਬ ਨਾਲ ਵਾਅਦਾ ਕੀਤਾ ਕਿ ਪਰਵਿੰਦਰ ਸਿੰਘ ਝੋਟਾ ਦਾ ਮਾਮਲਾ, ਜੋ ਮੁੱਖ ਮੰਤਰੀ ਨੇ ਅੱਜ ਸਵੇਰੇ ਸੀਬੀਆਈ ਨੂੰ ਸੌਂਪਿਆ ਸੀ, ਦਾ ਪੂਰੀ ਤਰ੍ਹਾਂ ਧਿਆਨ ਰੱਖਿਆ ਜਾਵੇਗਾ ਅਤੇ ਇਸ ਘਟਨਾ ਵਿੱਚ ਸ਼ਾਮਿਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। ਓਹਨਾਂ ਭਰੋਸਾ ਦਿੱਤਾ ਕਿ CBI ਜਾਂਚ 24 ਘੰਟਿਆਂ ‘ਚ ਪੂਰੀ ਕੀਤੀ ਜਾਏਗੀ. ਗ੍ਰਿਹ ਮੰਤਰੀ ਨੇ ਕਿਹਾ –byte – SHAH MEETING – 26 SEC

ਉਨ੍ਹਾਂ ਭਰੋਸਾ ਦਿੱਤਾ ਕਿ ਦਸੰਬਰ, 2029 ਤੱਕ ਪੰਜਾਬ ਨੂੰ ਨਸ਼ਾ ਮੁਕਤ ਕਰ ਦਿੱਤਾ ਜਾਵੇਗਾ ਅਤੇ ਇਸ ਵਿੱਚ ਸ਼ਾਮਿਲ ਲੋਕਾਂ ਨੂੰ ਜੇਲ੍ਹਾਂ ਵਿੱਚ ਪਾ ਦਿੱਤਾ ਜਾਵੇਗਾ-byte – SHAH 2029 – 23 sec

ਗ੍ਰਹਿ ਮੰਤਰੀ ਨਾਲ ਮੁਲਾਕਾਤ ਤੋਂ ਬਾਅਦ ਪਰਿਵਾਰਾਂ ਨੇ ਵੀ ਸੰਤੁਸ਼ਟੀ ਜ਼ਾਹਿਰ ਕੀਤੀ ਏ. ਪਰਵਿੰਦਰ ਸਿੰਘ ਝੋਟਾ ਦੇ ਪਿਤਾ ਭੀਮ ਸਿੰਘ ਨੇ ਕਿਹਾ- BYTE- BHEEM SINGH – 12 sec

ਝੋਟਾ ਨੂੰ ਮਾਨਸਾ ਵਿੱਚ ਇੱਕ ਕੈਮਿਸਟ ਅਸ਼ਵਨੀ ਕੁਮਾਰ ਨੇ ਗੋਲੀ ਮਾਰ ਦਿੱਤੀ ਸੀ ਜਦੋਂ ਓਹਨਾਂ ਨੇ ਕੈਮਿਸਟ ਵਲੋਂ ਸਿੰਥੈਟਿਕ ਨਸ਼ਾ ਵੇਚੇ ਜਾਣ 'ਤੇ ਇਤਰਾਜ਼ ਕੀਤਾ ਸੀ। ਝੋਟਾ ਦੇ ਪਰਿਵਾਰ ਨੇ ਓਹਨਾਂ ਦੇ ਕਤਲ ਦੇ ਇੱਕ ਹਫ਼ਤੇ ਬਾਅਦ ਵੀ ਅੰਤਿਮ ਸੰਸਕਾਰ ਨਹੀਂ ਕੀਤਾ ਏ ਤੇ ਕਿਹੈ ਕਿ ਓਦੋਂ ਤਕ ਅੰਤਿਮ ਸੰਸਕਾਰ ਨਹੀਂ ਕਰਨਗੇ ਜਦੋਂ ਤਕ ਇਨਸਾਫ਼ ਨਹੀਂ ਮਿਲਦਾ.

ਗੁਰਦਾਸਪੁਰ ਦੇ ਬਟਾਲਾ ਵਿੱਚ, ਵਿਕਰਮਜੀਤ ਸਿੰਘ, ਜਿਸ ਨੂੰ ਕਥਿਤ ਤੌਰ 'ਤੇ ਨਸ਼ਾ ਤਸਕਰਾਂ ਵਲੋਂ ਨਸ਼ੀਲੇ ਪਦਾਰਥ ਵੇਚਣ 'ਤੇ ਇਤਰਾਜ਼ ਕਰਨ 'ਤੇ ਮਾਰ ਦਿੱਤਾ ਗਿਆ ਸੀ ਦੇ ਪਰਿਵਾਰ ਦੇ ਇੱਕ ਮੈਂਬਰ, ਨੇ ਮੀਡੀਆ ਨੂੰ ਦੱਸਿਆ-

byte – VIKRMJEET RELETIVE LADY -

ਸਾਢੇ ਪੱਤਰਕਾਰ ਨੇ ਇਹ ਵੀ ਖਬਰ ਦਿੱਤੀ ਏ ਕਿ ਸ਼੍ਰੀ ਸ਼ਾਹ ਲੁਧਿਆਣਾ ਵਿਖੇ ਦੁਸਹਿਰਾ ਸਮਾਰੋਹ ਵਿੱਚ ਹਿੱਸਾ ਲਿਆ, ਜਿੱਥੇ ਰਾਵਣ ਦੇ ਪੁਤਲੇ ਨੂੰ ਸਾੜਨ ਦੀ ਰਸਮ 'ਚਿੱਟੇ ਦੇ ਰਾਵਣ' ਨੂੰ ਸਾੜ੍ਹ ਕੇ ਕੀਤੀ ਗਈ ਇਸ ਮੌਕੇ ਗ੍ਰਹਿ ਮੰਤਰੀ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ੇ ਦੇ ਰਾਵਣ ਨੂੰ ਵੀ ਦਿਸੰਬਰ 2029 ਤਕ ਸਾੜ੍ਹ ਦਿੱਤਾ ਜਾਏਗਾ ਤੇ ਪੰਜਾਬ ਨੂੰ ਨਸ਼ਾ ਮੁਕਤ ਕਰ ਦਿੱਤਾ ਜਾਏਗਾ

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪਰਵਿੰਦਰ ਸਿੰਘ ਝੋਟਾ ਦੇ ਕਤਲ ਕੇਸ ਨੂੰ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਨੂੰ ਸੌਂਪਣ ਦਾ ਐਲਾਨ ਕੀਤਾ ਏ। ਬਾਅਦ ਵਿੱਚ, ਇੱਕ ਲਾਈਵ ਗੱਲਬਾਤ ਵਿੱਚ, ਸ੍ਰੀ ਮਾਨ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਦਾ ਜਦੋਂ ਵੀ ਚਾਹੁਣ ਪੰਜਾਬ ਆਉਣ ਲਈ ਸਵਾਗਤ ਏ, ਪਰ ਭਾਜਪਾ ਦੇ ਇਸ ਦਾਅਵੇ 'ਤੇ ਇਤਰਾਜ਼ ਕੀਤਾ ਕਿ ਸ਼ਾਹ ਸੂਬੇ ਨੂੰ ਬਚਾਉਣ ਅਤੇ ਇਸਨੂੰ ਨਸ਼ਾ ਮੁਕਤ ਬਣਾਉਣ ਲਈ ਆ ਰਹੇ ਨੇ. ਉਨ੍ਹਾਂ ਇਲ੍ਜ਼ਾਮ ਲਾਇਆ ਕਿ 2007 ਤੋਂ 2017 ਦੇ ਸਮੇਂ

ਦੌਰਾਨ, ਜਦੋਂ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਪੰਜਾਬ ਵਿੱਚ ਇਕੱਠੇ ਸੱਤਾ ਵਿੱਚ ਸਨ, ਤਾਂ ਨਸ਼ਿਆਂ ਦੀ ਤਸਕਰੀ ਵਿੱਚ ਕਾਫ਼ੀ ਵਾਧਾ ਹੋਇਆ ਸੀ। ਉਨ੍ਹਾਂ ਪੁੱਛਿਆ ਕਿ ਕੇਂਦਰ ਨੇ ਉਸ ਸਮੇਂ ਸ਼ਾਮਿਲ ਲੋਕਾਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕਿਉਂ ਨਹੀਂ ਕੀਤੀ।<>

------------------------------------------------------------------------

ਅੱਜ ਸਵੇਰੇ ਮਾਨਸਾ ਦੇ ਡਿਪਟੀ ਕਮਿਸ਼ਨਰ ਦੇ ਗੰਨਮੈਨ ਨੇ ਆਪਣੇ ਪਰਿਵਾਰ ਉਪਰ ਗੋਲੀਆ ਚਲਾ ਕੇ, ਆਪਣੇ ਆਪ ਨੂੰ ਵੀ ਗੋਲੀ ਮਾਰ ਲਈ । ਵਾਰਦਾਤ ਵਿਚ ਜ਼ਖ਼ਮੀ ਹੋਏ ਪਤੀ, ਪਤਨੀ ਅਤੇ ਦੋ ਬੇਟਿਆਂ ਨੂੰ ਮਾਨਸਾ ਦੇ ਸਿਵਲ ਹਸਪਤਾਲ ਵਿਖੇ ਲਿਜਾਇਆ ਗਿਆ,ਪਰ ਪੁਲਿਸ ਮੁਲਾਜ਼ਮ ਅਤੇ ਉਸ ਦੇ 17 ਸਾਲਾ ਪੁੱਤਰ ਦੀ ਮੌਤ ਹੋ ਗਈ। ਡਾਕਟਰਾਂ ਵਲੋਂ ਉਸਦੀ ਪਤਨੀ ਅਤੇ ਇੱਕ ਪੁੱਤਰ ਨੂੰ ਬਾਹਰ ਰੈਫਰ ਕਰ ਦਿੱਤਾ ਗਿਆ ਏ । ਪੁਲਿਸ ਮੁਲਾਜ਼ਮ ਮਾਨਸਾ ਦੇ ਡਿਪਟੀ ਕਮਿਸ਼ਨਰ ਲਈ ਗੰਨਮੈਨ ਵਜੋਂ ਸੇਵਾ ਨਿਭਾ ਰਿਹਾ ਸੀ।

------------------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪਹਿਲੀ ਨਵੰਬਰ ਨੂੰ ਪੰਜਾਬ ਦਿਵਸ ਮੌਕੇ ਡਾ. ਹਰੀ ਸਿੰਘ ਸੇਵਕ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਤੋਂ ਕਰਵਾਈ ਜਾ ਰਹੀ ਮੈਰਾਥਨ ਦੌੜ ਸਬੰਧੀ ਪੰਚਾਂ, ਸਰਪੰਚਾਂ ਅਤੇ ਪਾਰਟੀ ਵਰਕਰਾਂ ਨਾਲ ਮੀਟਿੰਗ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਦੱਸਿਆ ਕਿ ਇਸ ਮੈਰਾਥਨ ਵਿੱਚ ਬੱਚੇ, ਨੌਜਵਾਨ, ਔਰਤਾਂ ਅਤੇ ਬਜ਼ੁਰਗਾਂ ਸਮੇਤ ਹਰ ਉਮਰ ਵਰਗ ਦੇ ਲੋਕ ਹਿੱਸਾ ਲੈ ਸਕਣਗੇ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਖੇਡਾਂ ਨਾਲ ਜੁੜਨ ਅਤੇ ਆਪਣੀ ਊਰਜਾ ਨੂੰ ਉਸਾਰੂ ਦਿਸ਼ਾ ਵਿੱਚ ਲਾਉਣ ਲਈ ਪ੍ਰੇਰਿਤ ਕਰਨਾ ਏ । ਉਨ੍ਹਾਂ ਕਿਹਾ ਕਿ ਪੰਜਾਬ ਦੀ ਅਸਲ ਤਾਕਤ ਇਸ ਦੇ ਨੌਜਵਾਨ ਨੇ ਅਤੇ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇ ਕੇ ਹੀ ਸੂਬੇ ਨੂੰ ਤਰੱਕੀ ਦੀਆਂ ਨਵੀਆਂ ਬੁਲੰਦੀਆਂ ’ਤੇ ਲਿਜਾਇਆ ਜਾ ਸਕਦਾ ਏ ।

---------------------------------------------------------------------------

ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ, ਵਿਜੈ ਦਸ਼ਮੀ ਅਤੇ ਦੁਸ਼ਿਹਰੇ ਦਾ ਤਿਉਹਾਰ, ਅੱਜ ਪੰਜਾਬ ਸਮੇਤ ਦੇਸ਼ ਭਰ ਵਿੱਚ

ਬੇਹਦ ਉਤਸ਼ਾਹ ਨਾਲ ਮਨਾਏ ਜਾ ਰਹੇ ਨੇ. ਇਸ ਮੌਕੇ ਅੱਜ ਵੱਖ-ਵੱਖ ਥਾਵਾਂ 'ਤੇ ਰਾਵਣ, ਕੁੰਭਕਰਨ ਅਤੇ ਮੇਘਨਾਦ ਦੇ ਪੁਤਲੇ ਸਾੜੇ ਜਾ ਰਹੇ ਨੇ। ਇਹ, ਨਰਾਤਿਆਂ ਅਤੇ ਦੁਰਗਾ ਪੂਜਾ ਦੇ ਨੌਂ ਦਿਨਾਂ ਦੇ ਮਹਾਨ ਤਿਉਹਾਰ ਦੀ ਸਮਾਪਤੀ ਨੂੰ ਵੀ ਦਰਸਾਉਂਦਾ ਏ। ਇਸ ਦਿਨ ਸਸ਼ਤਰਾਂ, ਸੰਦਾਂ ਅਤੇ ਕਿਤਾਬਾਂ ਦੀ ਪੂਜਾ ਕਰਨ ਦੀ ਰਵਾਇਤ ਵੀ ਏ। ਰਾਸ਼ਟਰਪਤੀ ਦ੍ਰੌਪਦੀ ਮੁਰਮੂ, ਉਪ-ਰਾਸ਼ਟਰਪਤੀ ਸੀ.ਪੀ ਰਾਧਾ ਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਾਰਿਆਂ ਨੂੰ ਇਸ ਮੋਕੇ ਵਧਾਈਆਂ ਦਿੱਤੀਆਂ ਨੇ।

---------------------------------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ, ਰਾਜੇਸ਼ ਧੀਮਾਨ ਦੇ ਨਿਰਦੇਸ਼ਾਂ ਅਨੁਸਾਰ ਉਪ ਮੰਡਲ ਮੈਜਿਸਟਰੇਟਾਂ ਨੇ ਅੱਜ ਵੱਖ-ਵੱਖ ਮੰਡੀਆਂ ਦਾ ਦੌਰਾ ਕਰਕੇ,ਇਸ ਦੌਰਾਨ ਝੋਨੇ ਦੀ ਖ਼ਰੀਦ ਦਾ ਜਾਇਜ਼ਾ ਲਿਆ। ਮੰਡੀਆਂ ਦਾ ਦੌਰਾ ਕਰਕੇ, ਝੋਨੇ ਦੀ ਖ਼ਰੀਦ, ਲਿਫਟਿੰਗ ਅਤੇ ਕਿਸਾਨਾਂ ਦੀ ਸਹੂਲਤ ਲਈ ਕੀਤੇ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ।

--------------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਰਾਜ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਥਾਣਾ ਧਾਰ ਕਲਾਂ, ਪਠਾਨਕੋਟ ਵਿਖ਼ੇ ਸਟੇਸ਼ਨ ਹਾਊਸ ਅਫਸਰ (ਐਸ.ਐਚ.ਓ.) ਵਜੋਂ ਤਾਇਨਾਤ ਇੰਸਪੈਕਟਰ ਨੂੰ, ਉਸ ਵੱਲੋਂ ਮੰਗੀ ਢਾਈ ਲੱਖ ਰੁਪਏ ਰਿਸ਼ਵਤ ਦੀ ਪਹਿਲੀ ਕਿਸ਼ਤ ਵਜੋਂ 1 ਲੱਖ ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਏ। ਜਾਣਕਾਰੀ ਸਾਂਝੀ ਕਰਦਿਆਂ, ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਅੰਮ੍ਰਿਤਸਰ ਦੇ ਇੱਕ ਸੇਵਾਮੁਕਤ ਐਲ.ਆਈ.ਸੀ. ਮੈਨੇਜਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਏ।

ਗੈਰ-ਕਾਨੂੰਨੀ ਰਿਸ਼ਵਤ ਦੇਣ ਤੋਂ ਇਨਕਾਰੀ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਅੰਮ੍ਰਿਤਸਰ ਨਾਲ ਸੰਪਰਕ ਕੀਤਾ। ਉਸਦੀ ਸ਼ਿਕਾਇਤ 'ਤੇ ਕਾਰਵਾਈ ਕਰਦੇ ਹੋਏ, ਵਿਜੀਲੈਂਸ ਬਿਊਰੋ ਯੂਨਿਟ ਪਠਾਨਕੋਟ ਵੱਲੋਂ ਦੋਸ਼ੀ ਇੰਸਪੈਕਟਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਰਿਸ਼ਵਤ ਦੀ ਰਕਮ ਬਰਾਮਦ ਕਰ

ਲਈ ਗਈ ਏ । ਇਸ ਸਬੰਧ ਵਿੱਚ, ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਏ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

--------------------------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਅੱਜ ਅਗਲੇ ਸਾਲ 2027 ਵਿਚ ਆ ਰਹੇ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਥਾਪਨਾ ਦਿਵਸ ਦੀ 450 ਸਾਲਾ ਸ਼ਤਾਬਦੀ ਨੂੰ ਖ਼ਾਲਸਈ ਪ੍ਰੰਪਰਾਵਾਂ ਅਨੁਸਾਰ ਮਨਾਉਣ ਅਤੇ ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਸੈਮੀਨਾਰ ਅਤੇ ਵੱਖ-ਵੱਖ ਥਾਵਾਂ ’ਤੇ ਕੀਰਤਨ ਸਮਾਗਮ ਕਰਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਕੱਤਰਤਾ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ 2027 ’ਚ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਥਾਪਨਾ ਦਾ 450 ਸਾਲਾ ਦਿਹਾੜੇ ਨੂੰ ਯਾਦਗਾਰ ਤਰੀਕੇ ਨਾਲ ਬਨਾਉਣ ਲਈ ਜਿਥੇ ਵਿਸ਼ੇਸ਼ ਸਮਾਗਮ ਉਲੀਕੇ ਜਾਣਗੇ, ਇਹ ਵੀ

ਫੈਸਲਾ ਕੀਤਾ ਗਿਆ ਕਿ ਹੁਣ ਤੱਕ ਸਿੱਖ ਇਤਿਹਾਸ ਨਾਲ ਮਨਾਈਆਂ ਗਈਆਂ ਸ਼ਤਾਬਦੀਆਂ ਦੇ ਸਮਾਗਮਾਂ, ਇਤਿਹਾਸਕ ਦਸਤਾਵੇਜ਼ਾਂ ਅਤੇ ਵੱਖ-ਵੱਖ ਸਮੇਂ ਹੋਏ ਪੰਥਕ ਇਕੱਠਾਂ ਦੇ ਵੇਰਵਿਆਂ ਨੂੰ ਵੀ ਸਥਾਈ ਤੌਰ 'ਤੇ ਸੰਭਾਲਣ ਲਈ ਵਿਸ਼ੇਸ਼ ਉਪਰਾਲਾ ਕੀਤਾ ਜਾਵੇਗਾ। ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ ਉਨ੍ਹਾਂ ਦੀ ਬਾਣੀ ਅਤੇ ਜੀਵਨ ਫਲਸਫ਼ੇ ਨਾਲ ਸੰਗਤਾਂ ਨੂੰ ਜੋੜਨ ਲਈ ਵਿਸ਼ੇਸ਼ ਸੈਮੀਨਾਰ ਅਤੇ ਕੀਰਤਨ ਸਮਾਗਮ ਕਰਵਾਉਣ ਨੂੰ ਪ੍ਰਵਾਨਗੀ ਵੀ ਦਿੱਤੀ ਗਈ ।

ਸਪੀਕਰ ਸੰਧਵਾਂ ਨੇ ਨੌਜਵਾਨਾਂ ਸਮੇਤ ਹਰ ਵਰਗ ਦੇ ਲੋਕਾਂ ਨੂੰ ਮੈਰਾਥਨ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ ਅਤੇ ਸਿਹਤਮੰਦ, ਤੰਦਰੁਸਤ ਅਤੇ ਨਸ਼ਾ ਮੁਕਤ ਪੰਜਾਬ ਦੇ ਨਿਰਮਾਣ ਵਿੱਚ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ।

-----------------------------------------------------------------

ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਜ਼ਿੰਬਾਬਵੇ ਦਰਮਿਆਨ ਤੀਜਾ ਅਤੇ ਆਖਰੀ twenty-20 ਅੰਤਰਰਾਸ਼ਟਰੀ ਮੈਚ ਅੱਜ ਰਾਏਪੁਰ ਵਿੱਚ ਸ਼ਾਮ 7 ਵਜੇ ਖੇਡਿਆ ਜਾਵੇਗਾ।

ਭਾਰਤ ਨੇ ਐਤਵਾਰ ਨੂੰ ਦੂਜੇ ਮੈਚ ਵਿੱਚ ਜ਼ਿੰਬਾਬਵੇ ਨੂੰ ਨੌਂ ਵਿਕਟਾਂ ਨਾਲ ਹਰਾ ਕੇ ਲੜੀ ਵਿੱਚ 2-0 ਦੀ ਲੀਡ ਲੈ ਲਈ ਏ।

------------------------------------------------------------

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਮਾਨਸਾ, ਗੁਰਦਾਸਪੁਰ ਤੇ ਸੰਗਰੂਰ 'ਚ ਨਸ਼ਿਆਂ ਖਿਲਾਫ਼ ਆਵਾਜ਼ ਉਠਾਉਣ ਕਾਰਨ, ਆਪਣੀ ਜਾਨ ਗੁਆਉਣ ਵਾਲੇ ਲੋਕਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ. ਓਹਨਾਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਸਰਕਾਰ 'ਤੇ ਨਸ਼ਾ ਤਸਕਰਾਂ ਨੂੰ ਬਚਾਉਣ ਦਾ ਇਲ੍ਜ਼ਾਮ ਲਾਇਆ.
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪਰਵਿੰਦਰ ਸਿੰਘ ਝੋਟਾ ਦੇ ਕਤਲ ਕੇਸ ਨੂੰ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਨੂੰ ਸੌਂਪਣ ਦਾ ਐਲਾਨ ਕੀਤਾ ਏ।
- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹੈ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਅਤੇ ਆਪਣੀ ਊਰਜਾ ਨੂੰ ਉਸਾਰੂ ਦਿਸ਼ਾ ਵਿੱਚ ਲਾਉਣ ਲਈ ਪ੍ਰੇਰਿਤ ਕਰਨਾ ਚਾਹੀਦਾ ਏ.
- ਦੁਸ਼ਿਹਰੇ ਦਾ ਤਿਉਹਾਰ, ਅੱਜ ਪੰਜਾਬ ਸਮੇਤ ਦੇਸ਼ ਭਰ ਵਿੱਚ ਬੇਹਦ ਉਤਸ਼ਾਹ ਨਾਲ ਮਨਾਏ ਜਾ ਰਹੇ ਨੇ.

- ਔਰਤਾਂ ਦੇ ਕ੍ਰਿਕੇਟ ਵਿਚ ਭਾਰਤ ਅਤੇ ਜ਼ਿੰਬਾਬਵੇ ਦਰਮਿਆਨ ਤੀਜਾ ਅਤੇ ਆਖਰੀ twenty -20 ਅੰਤਰਰਾਸ਼ਟਰੀ ਮੈਚ ਅੱਜ ਰਾਏਪੁਰ ਵਿਖੇ ਖੇਡਿਆ ਜਾ ਰਿਹਾ ਏ.

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਸ਼ਾਮ ਸਾਢੇ 7 ਵਜੇ ਹੋਏਗਾ।**

**ਨਮਸ੍ਕਾਰ**